# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :18-01-2026**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਸਾਮ ਵਿੱਚ 6 ਹਜ਼ਾਰ 950 ਕਰੋੜ ਰੁਪਏ ਤੋਂ ਵੱਧ ਦੇ ਕਾਜ਼ੀਰੰਗਾ ਐਲੀਵੇਟਿਡ ਕੋਰੀਡੋਰ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅੰਮ੍ਰਿਤਸਰ ਦੇ ਮਜੀਠਾ ਤੋਂ 23 ਪੇਂਡੂ ਲਿੰਕ ਸੜਕਾਂ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ I
- ਸਥਾਨਕ ਸਰਕਾਰਾਂ ਮੰਤਰੀ ਸੰਜੀਵ ਅਰੋੜਾ ਵੱਲੋਂ ਪੁਲਿਸ ਥਾਣਿਆਂ ਸਮੇਤ ਹੋਰਨਾਂ ਸਰਕਾਰੀ ਥਾਵਾਂ ’ਤੇ ਮੌਜੂਦ ਲਾਵਾਰਿਸ ਅਤੇ ਜ਼ਬਤ ਕੀਤੇ ਵਾਹਨਾਂ ਨੂੰ ਸ਼ਹਿਰ ਤੋਂ ਬਾਹਰ ਨਿਰਧਾਰਤ ਯਾਰਡਾਂ ਵਿਖੇ ਤਬਦੀਲ ਕਰਨ ਦੇ ਨਿਰਦੇਸ਼ I

- ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਲਈ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਦੇ ਕੁਝ ਹਿੱਸਿਆਂ ਵਿੱਚ ਹਲਕੀ ਧੁੰਦ ਦੀ ਪੇਸ਼ੀਨਗੋਈ ਕੀਤੀ। ਅਤੇ
- -ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਸੀਰੀਜ਼ ਦੇ ਤੀਜੇ ਤੇ ਆਖਰੀ ਇਕ ਰੋਜ਼ਾ ਮੈਚ ਵਿਚ ਨਿਊਜ਼ੀਲੈਂਡ ਨੇ ਭਾਰਤ ਸਾਹਮਣੇ 338 ਦੌੜਾਂ ਦਾ ਟੀਚਾ ਰੱਖਿਆ ।

----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਸਾਮ ਵਿੱਚ ਨਾਗਾਓਂ ਜ਼ਿਲ੍ਹੇ ਦੇ ਕਲੀਆ-ਬੋਰ ਵਿਖੇ, 6 ਹਜ਼ਾਰ 950 ਕਰੋੜ ਰੁਪਏ ਤੋਂ ਵੱਧ ਦੇ ਕਾਜ਼ੀਰੰਗਾ ਐਲੀਵੇਟਿਡ ਕੋਰੀਡੋਰ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ। ਰਾਸ਼ਟਰੀ ਸ਼ਾਹਰਾਹ ਅਧੀਨ ਕਰੀਬ 86 ਕਿਲੋਮੀਟਰ ਲੰਮਾ ਇਹ ਪ੍ਰੋਜੈਕਟ ਚੁਗਿਰਦੇ ਅਨੁਕੂਲ ਏ। ਇਸਦਾ 35 ਕਿਲੋਮੀਟਰ ਹਿੱਸਾ, ਐਲੀ-ਵੇਟਿਡ ਜੰਗਲੀ ਜੀਵ ਕੋਰੀਡੋਰ ਹੋਵੇਗਾ, ਜੋ ਕਾਜ਼ੀਰੰਗਾ ਰਾਸ਼ਟਰੀ ਪਾਰਕ ਵਿੱਚੋਂ ਲੰਘੇਗਾ। ਇਸ ਪ੍ਰੋਜੈਕਟ ਦਾ ਉਦੇਸ਼, ਖੇਤਰੀ ਸੰਪਰਕ ਨੂੰ ਬਿਹਤਰ ਬਣਾਉਂਦਿਆਂ, ਪਾਰਕ ਦੀ ਅਮੀਰ ਜੈਵ ਭਿੰਨਤਾ ਦੀ ਸੰਭਾਲ ਨੂੰ ਯਕੀਨੀ ਬਣਾਉਣਾ ਏ। BYTE:RNU180126A

ਉਨ੍ਹਾਂ ਕਿਹਾ ਕਿ ਕਾਜ਼ੀਰੰਗਾ ਅਤੇ ਇਸ ਦੇ ਜੰਗਲੀ ਜੀਵਾਂ ਦੀ ਰੱਖਿਆ ਕਰਨਾ ਸਿਰਫ਼ ਚੁਗਿਰਦਾ ਸੰਭਾਲ ਬਾਰੇ ਨਹੀਂ ਏ, ਸਗੋਂ ਅਸਾਮ ਦੇ ਭਵਿੱਖ

ਅਤੇ ਆਉਣ ਵਾਲੀਆਂ ਪੀੜ੍ਹੀਆਂ ਪ੍ਰਤੀ ਵੀ ਇੱਕ ਜ਼ਿੰਮੇਵਾਰੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ ਦਹਾਕੇ ਦੌਰਾਨ, ਦੇਸ਼ ਵਿੱਚ ਜੰਗਲ ਅਤੇ ਰੁੱਖਾਂ ਦੇ ਰਕਬੇ ਵਿੱਚ ਵਾਧਾ ਹੋਇਆ ਏ। BYTE: ਪ੍ਰਧਾਨ ਮੰਤਰੀ ਮੋਦੀ ਨੇ ਅਸਾਮ ਦੇ ਨਾਗਾਓਂ ਜ਼ਿਲ੍ਹੇ ਦੇ ਕਲੀਆਬੋਰ ਤੋਂ ਦੋ ਨਵੀਆਂ ਅੰਮ੍ਰਿਤ ਭਾਰਤ ਐਕਸਪ੍ਰੈਸ ਰੇਲ ਗੱਡੀਆਂ ਨੂੰ ਵੀ ਰਵਾਨਾ ਕੀਤਾ। ਇਨਾ ਰੇਲ ਗੱਡੀਆਂ ਵਿਚ - ਕਾਮਾਖਿਆ-ਰੋਹਤਕ ਅੰਮ੍ਰਿਤ ਭਾਰਤ ਐਕਸਪ੍ਰੈਸ ਅਤੇ ਡਿਬਰੂਗੜ੍ਹ-ਲਖਨਊ ਗੋਮਤੀ ਨਗਰ ਅੰਮ੍ਰਿਤ ਭਾਰਤ ਐਕਸਪ੍ਰੈਸ ਸ਼ਾਮਿਲ ਨੇ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅੰਮ੍ਰਿਤਸਰ ਦੇ ਮਜੀਠਾ ਤੋਂ 23 ਪੇਂਡੂ ਲਿੰਕ ਸੜਕਾਂ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੇਂਡੂ ਲਿੰਕ ਸੜਕਾਂ ਦਾ ਨੀਂਹ ਪੱਥਰ ਰੱਖਦੇ ਹੋਏ ਹਲਕੇ ਦੇ ਵਿਸ਼ਵਾਸ, ਸ਼ਾਸਨ ਅਤੇ ਭਵਿੱਖ ਬਾਰੇ ਸਪੱਸ਼ਟ ਸੰਦੇਸ਼ ਦਿੱਤਾ। BYTE:RNU180126

---------------------------------------------------------------------

ਪੰਜਾਬ ਸਰਕਾਰ ਨੇ ਸਥਾਨਕ ਸਰਕਾਰਾਂ ਮੰਤਰੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਪੁਲਿਸ ਥਾਣਿਆਂ ਅਤੇ ਸ਼ਹਿਰ ਦੀ ਹਦੂਦ ਅੰਦਰ ਪੈਂਦੀਆਂ ਹੋਰ ਸਰਕਾਰੀ ਜ਼ਮੀਨਾਂ ਵਿਖੇ ਮੌਜਦੂ ਸਾਰੇ ਸਕ੍ਰੈਪਡ, ਲਾਵਾਰਿਸ ਅਤੇ

ਜ਼ਬਤ ਕੀਤੇ ਵਾਹਨਾਂ ਨੂੰ ਯੋਜਨਾਬੱਧ ਢੰਗ ਨਾਲ ਹਟਾਉਣ ਅਤੇ ਸ਼ਹਿਰੀ ਖੇਤਰਾਂ ਤੋਂ ਬਾਹਰ ਨਿਰਧਾਰਤ ਯਾਰਡਾਂ ਵਿੱਚ ਤਬਦੀਲ ਕਰਨ ਲਈ ਵਿਆਪਕ ਨਿਰਦੇਸ਼ ਜਾਰੀ ਕੀਤੇ ਨੇ। ਇਹ ਫੈਸਲਾਕੁੰਨ ਕਦਮ ਸਰਕਾਰ ਦੇ ਵਿਆਪਕ ਸ਼ਹਿਰੀ ਸ਼ਾਸਨ ਸੁਧਾਰਾਂ ਦਾ ਹਿੱਸਾ ਏ ਜਿਸਦਾ ਉਦੇਸ਼ ਲੋਕਾਂ ਦੀ ਸੁਰੱਖਿਆ,ਸਾਫ ਸਫਾਈ, ਟਰੈਫਿਕ ਪ੍ਰਬੰਧਨ ਅਤੇ ਜਨਤਕ ਬੁਨਿਆਦੀ ਢਾਂਚੇ ਦੀ ਸੁਚੱਜੀ ਵਰਤੋਂ ਨੂੰ ਹੋਰ ਬਿਹਤਰ ਬਣਾਉਣਾ ਏ। ਮੰਤਰੀ ਨੇ ਦੱਸਿਆ ਕਿ ਪੁਲਿਸ ਥਾਣਿਆਂ, ਟ੍ਰੈਫਿਕ ਪੁਲਿਸ ਯਾਰਡਾਂ, ਨਗਰ ਪਾਲਿਕਾ ਦੀਆਂ ਜ਼ਮੀਨਾ ਅਤੇ ਸ਼ਹਿਰ ਦੀਆਂ ਸੜਕਾਂ ਦੇ ਨਾਲੋ-ਨਾਲ ਲੰਬੇ ਸਮੇਂ ਤੋਂ ਖੜ੍ਹੇ ਅਜਿਹੇ ਸਾਰੇ ਵਾਹਨਾਂ ਨੂੰ 30 ਦਿਨਾਂ ਦੇ ਅੰਦਰ ਸ਼ਹਿਰ ਦੀ ਹਦੂਦ ਤੋਂ ਬਾਹਰ ਸਥਿਤ ਵਾਹਨ ਯਾਰਡਾਂ ਵਿੱਚ ਪਹੁੰਚਾ ਦਿੱਤਾ ਜਾਵੇਗਾ। ਪੁਲਿਸ ਵਿਭਾਗ, ਨਗਰ ਨਿਗਮਾਂ, ਟ੍ਰੈਫਿਕ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਸਾਂਝੀਆਂ ਟੀਮਾਂ ਨੂੰ ਤੁਰੰਤ ਸਰਵੇਖਣ ਕਰਨ, ਵੇਰਵੇ ਸਹਿਤ ਸੂਚੀ ਤਿਆਰ ਕਰਨ ਅਤੇ ਇਸ ਹੁਕਮ ਦੀ ਸਮਾਂਬੱਧ ਢੰਗ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਸ਼੍ਰੀ ਅਰੋੜਾ ਨੇ ਕਿਹਾ ਕਿ ਸ਼ਹਿਰ ਦੀ ਹਦੂਦ ਅੰਦਰ ਵੱਡੀ ਗਿਣਤੀ ਵਿੱਚ ਖੜ੍ਹੇ ਕਬਾੜ ਅਤੇ ਜ਼ਬਤ ਕੀਤੇ ਵਾਹਨਾਂ ਦੀ ਮੌਜੂਦਗੀ ਨਾਲ ਕਈ ਨਾਗਰਿਕ ਅਤੇ ਪ੍ਰਸ਼ਾਸਕੀ ਚੁਣੌਤੀਆਂ ਪੈਦਾ ਹੁੰਦੀਆਂ ਨੇ। ਪੁਰਾਣੇ ਵਾਹਨਾਂ ਦੇ ਧੂਏਂ ਤੋਂ, ਬਿਜਲਈ ਨੁਕਸ ਅਤੇ ਜਲਣਸ਼ੀਲ ਪਦਾਰਥਾਂ ਕਾਰਨ ਸੰਘਣੀ

ਆਬਾਦੀ ਵਾਲੇ ਸ਼ਹਿਰੀ ਖੇਤਰਾਂ ਵਿੱਚ ਕਈ ਗੰਭੀਰ ਵਾਤਾਵਰਣ ਦਿੱਕਤਾਂ ਪੈਦਾ ਹੁੰਦੀਆਂ ਨੇ। ਇਸਤੋਂ ਇਲਾਵਾ ਇਨ੍ਹਾਂ ਵਾਹਨਾਂ ਵਿੱਚ ਪਾਣੀ ਇਕੱਠਾ ਹੋਣ ਨਾਲ ਡੇਂਗੂ, ਮਲੇਰੀਆ ਅਤੇ ਹੋਰ ਬਿਮਾਰੀਆਂ ਦਾ ਖ਼ਤਰਾ ਵਧ ਜਾਂਦਾ ਏ।

---------------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਸੰਤ ਸਮਾਜ ਨੂੰ ਜ਼ਿਲ੍ਹਾ ਰੂਪਨਗਰ ਦੇ ਪਿੰਡ ਮਹਿੰਦਪੁਰ ਵਿਖੇ 36 ਏਕੜ ਜ਼ਮੀਨ ਦੀ ਨਿਸ਼ਾਨਦੇਹੀ ਦਾ ਮਸਲਾ ਜਲਦ ਹੱਲ ਕਰਵਾਉਣ ਦਾ ਭਰੋਸਾ ਦਿਵਾਇਆ। ਸੰਤ ਸਮਾਜ ਨੇ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਇਸ ਜ਼ਮੀਨ ਦੀ ਨਿਸ਼ਾਨਦੇਹੀ ਦੇ ਮਸਲੇ ਨੂੰ ਹੱਲ ਕਰਵਾਉਣ ਦੀ ਅਪੀਲ ਕੀਤੀ ਸੀ। ਸ੍ਰੀ ਗੜ੍ਹੀ ਡੇਰਾ ਸੰਤ ਬਾਬਾ ਪ੍ਰੀਤਮ ਦਾਸ ਜੀ, ਬਾਬੇ ਜੋੜੇ, ਰਾਏਪੁਰ ਰਸੂਲਪੁਰ ਵਿਖੇ ਪਹੁੰਚੇ ਜਿਥੇ ਉਨ੍ਹਾਂ ਸੰਤ ਸਮਾਜ ਨੂੰ ਭਰੋਸਾ ਦਿਵਾਇਆ ਕਿ ਇਹ ਮਸਲਾ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਮਾਲ ਵਿਭਾਗ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਪ੍ਰਕਿਰਿਆ ਵਿੱਚ ਸ਼ਾਮਲ ਕਰਕੇ ਜ਼ਮੀਨ ਦੀ ਨਿਸ਼ਾਨਦੇਹੀ ਸਬੰਧੀ ਸਾਰੀ ਕਾਰਵਾਈ ਜਲਦ ਤੋਂ ਜਲਦ ਪੂਰੀ ਕਰਵਾਈ ਜਾਵੇਗੀ।

---------------------------------------------------------------------

ਪੰਜਾਬ ਸਰਕਾਰ ਵੱਲੋਂ ਗ਼ਰੀਬ ਅਤੇ ਲੋੜਵੰਦ ਵਰਗਾਂ ਦੀ ਭਲਾਈ ਲਈ ਕੀਤੇ ਜਾ ਰਹੇ ਠੋਸ ਉਪਰਾਲਿਆਂ  ਤਹਿਤ ਅੱਜ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਖੇਤਰ ਵਿੱਚ 13 ਲੋੜਵੰਦ ਪਰਿਵਾਰਾਂ ਨੂੰ ਪੱਕੇ ਘਰ ਬਣਾਉਣ ਲਈ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ  ਹਰ ਗ਼ਰੀਬ ਦੇ ਸਿਰ ‘ਤੇ ਛੱਤ” ਸਿਰਫ਼ ਇੱਕ ਵਾਅਦਾ ਨਹੀਂ, ਸਗੋਂ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪੱਕੀ ਨੀਅਤ ਅਤੇ ਸੰਵੇਦਨਸ਼ੀਲ ਸੋਚ ਦਾ ਪ੍ਰਤੀਕ ਏ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦਾ ਟੀਚਾ ਏ ਕਿ ਸੂਬੇ ਦਾ ਕੋਈ ਵੀ ਗ਼ਰੀਬ ਪਰਿਵਾਰ ਬਿਨਾਂ ਛੱਤ ਦੇ ਨਾ ਰਹੇ। ਸਿਹਤ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸਿੱਖਿਆ, ਸਿਹਤ, ਰੋਜ਼ਗਾਰ ਅਤੇ ਸਮਾਜਿਕ ਭਲਾਈ ਦੇ ਖੇਤਰਾਂ ਵਿੱਚ ਅਹਿਮ ਕਦਮ ਚੁੱਕੇ ਹਨ। ਗ਼ਰੀਬਾਂ ਲਈ ਘਰ ਮੁਹੱਈਆ ਕਰਵਾਉਣਾ ਇਸੇ ਸੋਚ ਦਾ ਅਹਿਮ ਹਿੱਸਾ ਏ। ਉਨ੍ਹਾਂ ਸਪਸ਼ਟ ਕੀਤਾ ਕਿ ਇਹ ਮੁਹਿੰਮ ਕਿਸੇ ਇੱਕ ਖੇਤਰ ਜਾਂ ਕੁਝ ਪਰਿਵਾਰਾਂ ਤੱਕ ਸੀਮਿਤ ਨਹੀਂ ਰਹੇਗੀ, ਸਗੋਂ ਸੂਬੇ ਭਰ ਵਿੱਚ ਇਸਨੂੰ ਹੋਰ ਤੇਜ਼ੀ ਨਾਲ ਲਾਗੂ ਕੀਤਾ ਜਾਵੇਗਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਇੱਕ ਨਵੇਂ ਦੌਰ ਵਿੱਚ ਦਾਖ਼ਲ ਹੋ ਚੁੱਕਾ ਏ। ਪੰਜਾਬ ਨੂੰ ਹਰ ਪੱਖੋਂ ਮਜ਼ਬੂਤ, ਖੁਸ਼ਹਾਲ ਅਤੇ ਰੰਗਲਾ ਬਣਾਉਣ ਦਾ ਸਫ਼ਰ ਲਗਾਤਾਰ ਜਾਰੀ ਏ। ਇਸ ਮੌਕੇ ਲਾਭਪਾਤਰੀ

ਪਰਿਵਾਰਾਂ ਨੇ ਪੰਜਾਬ ਸਰਕਾਰ ਅਤੇ ਡਾ. ਬਲਬੀਰ ਸਿੰਘ ਦਾ ਧੰਨਵਾਦ ਕੀਤਾ ।

---------------------------------------------------------------------

ਪੰਜਾਬ ਸਰਕਾਰ ਸੂਬੇ ਵਿੱਚੋਂ ਬਾਲ ਭੀਖਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਏ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਕਿਹਾ ਕਿ ਸੂਬੇ ਭਰ ਵਿੱਚ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੌਰਾਨ ਬੀਤੇ ਦੋ ਦਿਨਾਂ ਵਿੱਚ ਸਾਰੇ ਜ਼ਿਲ੍ਹਿਆਂ ਦੇ ਹਾਟਸਪਾਟਾਂ ’ਤੇ ਕੀਤੀਆਂ ਗਈਆਂ ਛਾਪੇਮਾਰੀਆਂ ਦੌਰਾਨ ਕੁੱਲ 31 ਭੀਖ ਮੰਗਦਿਆਂ ਬੱਚਿਆਂ ਨੂੰ ਰੈਸਕਿਊ ਕੀਤਾ ਗਿਆ। ਇਨ੍ਹਾਂ ਵਿੱਚੋਂ 4 ਬੱਚਿਆਂ ਨੂੰ ਦਸਤਾਵੇਜ਼ੀ ਪੁਸ਼ਟੀ ਉਪਰੰਤ ਬਾਲ ਭਲਾਈ ਕਮੇਟੀ ਵੱਲੋਂ ਮੌਕੇ ’ਤੇ ਹੀ ਮਾਪਿਆਂ ਦੇ ਸਪੁਰਦ ਕਰ ਦਿੱਤਾ ਗਿਆ, ਜਦਕਿ 27 ਬੱਚਿਆਂ ਨੂੰ ਆਰਜ਼ੀ ਤੌਰ ’ਤੇ ਬਾਲ ਘਰਾਂ ਵਿੱਚ ਭੇਜਿਆ ਗਿਆ, ਜਿੱਥੇ ਪੁਸ਼ਟੀ ਉਪਰੰਤ ਅਗਲੀ ਕਾਰਵਾਈ ਕੀਤੀ ਜਾਵੇਗੀ।

---------------------------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਸਾਨਾਂ ਨੂੰ ਸੂਬੇ ਦੀ ਸਮਾਜਿਕ ਤੇ ਆਰਥਿਕ ਪ੍ਰਗਤੀ ਨੂੰ ਹੋਰ ਉਤਸ਼ਾਹਿਤ ਕਰਨ ਲਈ ਨਵੀਆਂ ਤਕਨੀਕਾਂ ਨੂੰ ਅਪਣਾਉਣ ਦਾ ਸੱਦਾ ਦਿੱਤਾ ਏ । ਕੈਬਨਿਟ ਮੰਤਰੀ ਕੱਲ ਜਲੰਧਰ ਵਿਖੇ ਮਸ਼ੀਨੈਕਸ-2026 ਪ੍ਰਦਰਸ਼ਨੀ ਦਾ ਦੌਰਾ ਕਰ ਰਹੇ

ਸਨ, ਜਿਥੇ ਕਿਸਾਨਾਂ ਦੀ ਆਮਦਨ ਨੂੰ ਵਧਾਉਣ ਸਬੰਧੀ ਨਵੀ ਕਿਸਮ ਦੀ ਮਸ਼ੀਨਰੀ ਪ੍ਰਦਰਸ਼ਿਤ ਕੀਤੀ ਗਈ ਸੀ। ਸ੍ਰੀ ਭਗਤ ਨੇ ਸੂਬੇ ਦੀ ਆਰਥਿਕਤਾ ਅਤੇ ਦੇਸ਼ ਦੇ ਅੰਨ ਭੰਡਾਰ ਵਿੱਚ ਕਿਸਾਨਾਂ ਦੀ ਮਹੱਤਤਾ ’ਤੇ ਜ਼ੋਰ ਦਿੱਤਾ। ਉਨ੍ਹਾਂ ਖੇਤੀ ਦੀਆਂ ਨਵੀਆਂ ਤਕਨੀਕਾਂ ਰਾਹੀਂ ਖੇਤੀਬਾੜੀ ਨੂੰ ਲਾਭਦਾਇਕ ਕਿੱਤਾ ਬਣਾਉਣ ਦੀ ਮਹੱਤਤਾ ’ਤੇ ਚਾਨਣਾ ਪਾਇਆ। ਉਨ੍ਹਾਂ ਕਿਸਾਨਾਂ ਨੂੰ ਪੰਜਾਬ ਸਰਕਾਰ ਵਲੋਂ ਨਵੀਆਂ ਪਹਿਲਕਦਮੀਆਂ ਸ਼ੁਰੂ ਕਰਨ ਵਿੱਚ ਸਹਾਇਤਾ ਲਈ ਸਰਗਰਮੀ ਨਾਲ ਸ਼ਿਰਕਤ ਕਰਨ ਅਤੇ ਵੱਡਮੁੱਲੇ ਸੁਝਾਅ ਦੇਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਸਰਕਾਰ ਵਲੋਂ ਪਹਿਲਾਂ ਤੋਂ ਹੀ ਆਧੁਨਿਕ ਖੇਤੀ ਮਸ਼ੀਨਰੀ, ਉੱਤਮ ਬੀਜ, ਨਵੀਆਂ ਤਕਨੀਕਾਂ, ਮੌਸਮ ਦੀ ਜਾਣਕਾਰੀ ਅਤੇ ਕੀਟਨਾਸ਼ਕਾਂ ਦੀ ਵਰਤੋਂ ਵਿੱਚ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਫ਼ਸਲੀ ਵਿਭਿੰਨਤਾ ਨੂੰ ਵੀ ਅਪਣਾਉਣ ਦੀ ਲੋੜ ’ਤੇ ਜ਼ੋਰ ਦਿੰਦਿਆਂ ਕਿਸਾਨਾਂ ਨੂੰ ਵਾਤਾਵਰਣ ਦੀ ਸੰਭਾਲ ਲਈ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਪ੍ਰਦਰਸ਼ਨੀ ਵਿੱਚ ਦਿਖਾਈਆਂ ਜਾ ਰਹੀਆਂ ਆਧੁਨਿਕ ਮਸ਼ੀਨਾਂ ਖੇਤੀ ਲਾਗਤਾਂ ਨੂੰ ਘੱਟ ਕਰਕੇ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਮਦਦਗਾਰ ਸਿੱਧ ਹੋਣਗੀਆਂ। ਉਨ੍ਹਾਂ ਕਿਸਾਨਾਂ ਨੂੰ ਇਸ ਨੇਕ ਕਾਜ ਵਿੱਚ ਪੰਜਾਬ ਸਰਕਾਰ

ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣ ਦਾ ਸੱਦਾ ਵੀ ਦਿੱਤਾ।

-----------------------------------------------------------------

ਜਲੰਧਰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਸਹਿਯੋਗ ਨਾਲ 20 ਜਨਵਰੀ ਸਵੇਰੇ 9 ਵਜੇ ਤੋਂ ਹੰਸ ਰਾਜ ਮਹਿਲਾ ਮਹਾਵਿਦਿਆਲਿਆ ਵਿਖੇ ਵਿਸ਼ੇਸ਼ ਰੋਜ਼ਗਾਰ ਮੇਲਾ ਅਤੇ ਸਵੈ ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਏ । ਰੋਜ਼ਗਾਰ ਮੇਲੇ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ, ਨੀਲਮ ਮਹੇ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਪ੍ਰਿੰਸੀਪਲ ਏਕਤਾ ਖੋਸਲਾ ਨਾਲ ਮੀਟਿੰਗ ਕੀਤੀ। ਇਹ ਰੋਜ਼ਗਾਰ ਮੇਲੇ ਵਿੱਚ ਅਨਪੜ੍ਹ ਤੋਂ ਲੇ ਕੇ ਅੱਠਵੀ, ਦਸਵੀਂ, ਬਾਰਵੀਂ ਗ੍ਰੈਜੂਏਟ ਵਿਦਿਅਕ ਯੋਗਤਾ ਰੱਖਣ ਵਾਲੀਆਂ ਕੁੜੀਆਂ ਤੇ ਮਹਿਲਾਵਾਂ  ਆਪਣੀ ਯੋਗਤਾ ਅਨੁਸਾਰ ਹਿੱਸਾ ਲੈ ਸਕਣਗੀਆਂ ਅਤੇ ਆਪਣੀ ਮਨ ਪਸੰਦ ਨੋਕਰੀ ਪ੍ਰਾਪਤ ਕਰ ਸਕਣਗੀਆਂ । ਇਸ ਤੋਂ ਇਲਾਵਾ ਜਿਹੜੀਆਂ ਕੁੜੀਆਂ ਤੇ ਮਹਿਲਾਵਾਂ ਕੋਈ ਆਪਣਾ ਕਾਰੋਬਾਰ ਸ਼ੁਰੂ ਕਰਨਾ ਚਾਹੁੰਦੀਆਂ ਹਨ, ਉਨ੍ਹਾਂ ਨੂੰ ਮੌਕੇ ‘ਤੇ ਵੱਖ-ਵੱਖ ਸਰਕਾਰੀ ਅਦਾਰਿਆਂ ਵੱਲੋਂ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਵੱਖ-ਵੱਖ ਸਰਕਾਰੀ ਸਕੀਮਾਂ ਤਹਿਤ ਉੱਚੀਆਂ ਸਬਸਿਡੀ ਦਰਾਂ ‘ਤੇ ਕਰਜ਼ੇ ਦੀ ਸਹੂਲਤ ਲਈ ਅਪਲਾਈ ਕਰਵਾਇਆ ਜਾਵੇਗਾ । ਵਧੇਰੇ ਜਾਣਕਾਰੀ ਲਈ

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਹੈਲਪਲਾਈਨ ਨੰਬਰ 90569-20100 'ਤੇ ਸੰਪਰਕ ਕੀਤਾ ਜਾ ਸਕਦਾ ਏ ।

--------------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਲਈ ਪੰਜਾਬ,ਹਰਿਆਣਾ,ਚੰਡੀਗੜ੍ਹ, ਦਿੱਲੀ ਅਤੇ ਬਿਹਾਰ ਦੇ ਕੁਝ ਹਿੱਸਿਆਂ ਵਿੱਚ ਹਲਕੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ । ਕੱਲ੍ਹ ਤੱਕ ਜੰਮੂ-ਕਸ਼ਮੀਰ, ਲੱਦਾਖ, ਉਤਰਾਖੰਡ, ਸਿੱਕਮ ਅਤੇ ਪੱਛਮੀ ਬੰਗਾਲ ਵਿੱਚ ਵੀ ਇਸੇ ਤਰ੍ਹਾਂ ਦੇ ਹਾਲਾਤ ਰਹਿਣ ਦੀ ਸੰਭਾਵਨਾ ਜਤਾਈ ਗਈ ਏ । ਇਸ ਦੌਰਾਨ, ਅਗਲੇ ਦੋ ਦਿਨਾਂ ਵਿੱਚ ਉੱਤਰ-ਪੱਛਮ ਅਤੇ ਮੱਧ ਭਾਰਤ ਵਿੱਚ ਘੱਟੋ-ਘੱਟ ਤਾਪਮਾਨ ਲਗਭਗ 2 ਡਿਗਰੀ ਸੈਲਸੀਅਸ ਵਧ ਸਕਦਾ ਏ ।

--------------------------------------------------------------------

ਮਰਦਾਂ ਦੇ ਕ੍ਰਿਕਟ ਵਿੱਚ, ਮੇਜ਼ਬਾਨ ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਸੀਰੀਜ਼ ਦਾ ਫੈਸਲਾਕੁੰਨ ਤੀਜਾ ਤੇ ਆਖਰੀ ਇਕ ਰੋਜ਼ਾ ਮੈਚ ਅੱਜ ਇੰਦੌਰ ਵਿੱਚ ਖੇਡਿਆ ਜਾ ਰਿਹਾ ਏ । ਨਿਊਜ਼ੀਲੈਂਡ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ, ਭਾਰਤ ਸਾਹਮਣੇ ਜਿੱਤ ਲਈ, 338 ਦੌੜਾਂ ਦਾ ਟੀਚਾ ਰੱਖਿਆ ਏ । ਆਖਰੀ ਖਬਰਾਂ ਮਿਲਣ ਸਮੇਂ ਤੱਕ ਭਾਰਤ ਨੇ 4 ਓਵਰਾਂ ਵਿੱਚ 1 ਵਿਕਟਾਂ ਦੇ ਨੁਕਸਾਨ 'ਤੇ 29 ਦੌੜਾਂ

ਬਣਾ ਲਈਆਂ ਸਨ। ਇਸ ਤੋਂ ਪਹਿਲਾਂ ਭਾਰਤ ਨੇ ਟਾਸ ਜਿੱਤ ਕੇ, ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ। ਲੜੀ ਵਿੱਚ ਇਸ ਸਮੇਂ ਦੋਵੇਂ ਟੀਮਾਂ, 1-1 ਨਾਲ ਬਰਾਬਰੀ 'ਤੇ ਨੇ।
----------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਸਾਮ ਵਿੱਚ 6 ਹਜ਼ਾਰ 950 ਕਰੋੜ ਰੁਪਏ ਤੋਂ ਵੱਧ ਦੇ ਕਾਜ਼ੀਰੰਗਾ ਐਲੀਵੇਟਿਡ ਕੋਰੀਡੋਰ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅੰਮ੍ਰਿਤਸਰ ਦੇ ਮਜੀਠਾ ਤੋਂ 23 ਪੇਂਡੂ ਲਿੰਕ ਸੜਕਾਂ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ I
- ਸਥਾਨਕ ਸਰਕਾਰਾਂ ਮੰਤਰੀ ਸੰਜੀਵ ਅਰੋੜਾ ਵੱਲੋਂ ਪੁਲਿਸ ਥਾਣਿਆਂ ਸਮੇਤ ਹੋਰਨਾਂ ਸਰਕਾਰੀ ਥਾਵਾਂ ’ਤੇ ਮੌਜੂਦ ਲਾਵਾਰਿਸ ਅਤੇ ਜ਼ਬਤ ਕੀਤੇ ਵਾਹਨਾਂ ਨੂੰ ਸ਼ਹਿਰ ਤੋਂ ਬਾਹਰ ਨਿਰਧਾਰਤ ਯਾਰਡਾਂ ਵਿਖੇ ਤਬਦੀਲ ਕਰਨ ਦੇ ਨਿਰਦੇਸ਼ I
- ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਲਈ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਦੇ ਕੁਝ ਹਿੱਸਿਆਂ ਵਿੱਚ ਹਲਕੀ ਧੁੰਦ ਦੀ ਪੇਸ਼ੀਨਗੋਈ ਕੀਤੀ। ਅਤੇ

- -ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਸੀਰੀਜ਼ ਦੇ ਤੀਜੇ ਤੇ ਆਖਰੀ ਇਕ ਰੋਜ਼ਾ ਮੈਚ ਵਿਚ ਨਿਊਜ਼ੀਲੈਂਡ ਨੇ ਭਾਰਤ ਸਾਹਮਣੇ 338 ਦੌੜਾਂ ਦਾ ਟੀਚਾ ਰੱਖਿਆ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ** !